Vigilance Bureau Punjab

# VIGILANCE REGISTERS BRIBERY CASE ON ONLINE COMPLAINANT AGAINST SUB-INSPECTOR

Chandigarh, December 23:

The State Vigilance Bureau today registered a bribery case against Sub-Inspector Narinder Singh (No. 1846/Patiala) posted at Police Post, Bus Stand Rajpura, Patiala district for demanding bribe to help the complainant.

Disclosing this here today, an official spokesperson of the Punjab Vigilance Bureau (VB) said that Sub-Inspector Narinder Singh was booked on the basis of an online complaint received on 12.01.2020. He added that complainant Amandeep Singh resident of Ranjit Nagar, Patiala city informed the VB that the Sub-Inspector Narinder Singh was demanded bribe to help him in a police case registered against his mother and his uncle.

He further informed that a bribery case under section 7 of prevention of corruption act has been registered against the accused police cop at VB police station, Patiala and further investigation is under progress.

------------

ਵਿਜੀਲੈਂਸ ਬਿਊਰੋ ਪੰਜਾਬ

**ਸਬ-ਇੰਸਪੈਕਟਰ ਵਿਰੁੱਧ ਰਿਸ਼ਵਤ ਬਾਰੇ ਮਿਲੀ ਆਨਲਾਈਨ ਸ਼ਿਕਾਇਤ- ਵਿਜੀਲੈਂਸ ਵਲੋਂ ਰਿਸ਼ਵਤ ਦਾ ਪਰਚਾ ਦਰਜ**

ਚੰਡੀਗੜ੍ਹ, 23 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਸ਼ਿਕਾਇਤਕਰਤਾ ਦੀ ਮੱਦਦ ਕਰਨ ਦੇ ਇਵਜ਼ ਵਿੱਚ ਰਿਸ਼ਵਤ ਦੀ ਮੰਗ ਕਰਨ ਵਾਲੇ ਸਬ-ਇੰਸਪੈਕਟਰ ਨਰਿੰਦਰ ਸਿੰਘ (ਨੰਬਰ 1846/ ਪਟਿਆਲਾ) ਖਿਲਾਫ ਰਿਸ਼ਵਤ ਦਾ ਮਾਮਲਾ ਦਰਜ ਕੀਤਾ ਹੈ। ਇਹ ਸਬ-ਇੰਸਪੈਕਟਰ ਪੁਲਿਸ ਚੌਕੀ, ਬੱਸ ਸਟੈਂਡ ਰਾਜਪੁਰਾ, ਜਿਲਾ ਪਟਿਆਲਾ ਵਿਖੇ ਤਾਇਨਾਤ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸਬ-ਇੰਸਪੈਕਟਰ ਨਰਿੰਦਰ ਸਿੰਘ ਵਿਰੁੱਧ ਮਿਤੀ 12.01.2020 ਖਿਲਾਫ ਬਿਊਰੋ ਨੂੰ ਇੱਕ ਆਨਲਾਈਨ ਸ਼ਿਕਾਇਤ ਮਿਲੀ ਸੀ ਜਿਸ ਦੇ ਅਧਾਰ 'ਤੇ ਇਹ ਮਾਮਲਾ ਦਰਜ ਕੀਤਾ ਗਿਆ। ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਅਮਨਦੀਪ ਸਿੰਘ ਵਾਸੀ ਰਣਜੀਤ ਨਗਰ, ਪਟਿਆਲਾ ਨੇ ਬਿਊਰੋ ਤੱਕ ਪਹੁੰਚ ਕੀਤੀ ਅਤੇ ਦੱਸਿਆ ਕਿ ਸਬ-ਇੰਸਪੈਕਟਰ ਨਰਿੰਦਰ ਸਿੰਘ ਨੇ ਸ਼ਿਕਾਇਤਕਰਤਾ ਦੀ ਮਾਂ ਅਤੇ ਉਸਦੇ ਚਾਚੇ ਵਿਰੁੱਧ ਦਰਜ ਇੱਕ ਪੁਲਿਸ ਕੇਸ ਵਿੱਚ ਸ਼ਿਕਾਇਤਕਰਤਾ ਦੀ ਮੱਦਦ ਕਰਨ ਬਦਲੇ ਪੈਸਿਆਂ ਦੀ ਮੰਗ ਕੀਤੀ ਸੀ।

ਉਹਨਾਂ ਅੱਗੇ ਦੱਸਿਆ ਕਿ ਦੋਸ਼ੀ ਪੁਲਿਸ ਅਧਿਕਾਰੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਤਹਿਤ ਰਿਸ਼ਵਤਖੋਰੀ ਦਾ ਮਾਮਲਾ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਦਰਜ ਕੀਤਾ ਗਿਆ ਹੈ ਅਤੇ ਅਗਲੇਰੀ ਪੜਤਾਲ ਜਾਰੀ ਹੈ।

------------